# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 08-09-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਹੜਾਂ ਦੀ ਸਥਿਤੀ ਦਾ ਜਾਇਜ਼ਾ ਲੈਣ ਲਈ, ਕੱਲ੍ਹ ਪੰਜਾਬ ਦਾ ਦੌਰਾ ਕਰਨਗੇ । ਉਹ, ਪੀੜਤਾਂ ਨੂੰ ਵੱਧ ਤੋਂ ਵੱਧ ਸਹਾਇਤਾ ਯਕੀਨੀ ਬਣਾਉਣ ਲਈ, ਜ਼ਮੀਨੀ ਸਥਿਤੀ ਦਾ ਨਿੱਜੀ ਤੌਰ 'ਤੇ ਮੁਲਾਂਕਣ ਕਰਨਗੇ। ਪੰਜਾਬ BJP ਪ੍ਰਧਾਨ ਸੁਨੀਲ ਜਾਖੜ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਪ੍ਰਧਾਨ ਮੰਤਰੀ ਦੇ ਦੌਰੇ ਬਾਰੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਪ੍ਰਧਾਨ ਮੰਤਰੀ ਇਸ ਸੰਕਟ ਬਾਰੇ ਬਹੁਤ ਚਿੰਤਤ ਨੇ ਅਤੇ ਘਟਨਾਕ੍ਰਮ 'ਤੇ ਨੇੜਿਓਂ ਨਜ਼ਰ ਰੱਖ ਰਹੇ ਨੇ। ਸ੍ਰੀ ਜਾਖੜ ਨੇ ਕਿਹਾ ਕਿ ਕੇਂਦਰ ਸਰਕਾਰ ਪੰਜਾਬ ਦੇ ਲੋਕਾਂ ਨਾਲ ਮਜ਼ਬੂਤੀ ਨਾਲ ਖੜ੍ਹੀ ਏ । ਇਸ ਤੋਂ ਪਹਿਲਾਂ ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਸਥਿਤੀ ਦਾ ਜਾਇਜ਼ਾ ਲੈਣ ਲਈ ਸੂਬੇ  ਦਾ ਦੌਰਾ ਕੀਤਾ। ਹੜ੍ਹਾਂ ਕਾਰਨ ਹੋਏ ਨੁਕਸਾਨ ਦਾ ਮੁਲਾਂਕਣ ਕਰਨ ਲਈ ਦੋ ਕੇਂਦਰੀ ਅੰਤਰ-ਮੰਤਰਾਲਾ ਟੀਮਾਂ ਬਣਾਈਆਂ ਗਈਆਂ ਹਨ। ਪੰਜਾਬ ਵਿੱਚ ਸਥਿਤੀ ਹੁਣ ਹੌਲੀ-ਹੌਲੀ ਆਮ ਵਾਂਗ ਹੋ ਰਹੀ ਏ ।

---

ਹੜ੍ਹਾਂ ਦੀ ਮਾਰ ਨਾਲ ਜੂਝ ਰਹੇ ਸਰਹੱਦੀ ਸੂਬੇ ਪੰਜਾਬ ਨੂੰ ਸੰਭਲਣ ਵਿੱਚ ਸਮਾਂ ਲੱਗੇਗਾ। ਪ੍ਰਭਾਵਿਤ ਲੋਕ ਮੌਸਮ ਵਿਭਾਗ ਦੀ ਆਉਣ ਵਾਲੇ ਦਿਨਾਂ ਵਿੱਚ ਭਾਰੀ ਬਾਰਿਸ਼ ਨਾ ਹੋਣ ਦੀ ਭਵਿੱਖਬਾਣੀ ਨੂੰ ਉਮੀਦ ਦੀ ਕਿਰਨ ਮੰਨ ਰਹੇ ਨੇ। ਇਨ੍ਹਾਂ ਹੜ੍ਹਾਂ ਵਿੱਚ ਮਰਨ ਵਾਲਿਆਂ ਦੀ ਗਿਣਤੀ 48 ਹੋ ਗਈ ਏ। ਸੂਬੇ ਭਰ ਦੇ 2050 ਪਿੰਡਾਂ ਵਿੱਚੋਂ 3 ਲੱਖ 87 ਹਜ਼ਾਰ ਤੋਂ ਵੱਧ ਲੋਕ ਸਿੱਧੇ ਤੌਰ 'ਤੇ ਬੇਘਰ ਹੋ ਗਏ ਨੇ। ਭਾਰਤੀ ਸੈਨਾ, ਹਵਾਈ ਸੈਨਾ, ਐਨਡੀਆਰਐਫ, ਬੀਐਸਐਫ ਦੀਆਂ ਬਚਾਅ ਟੀਮਾਂ ਅਤੇ ਵਲੰਟੀਅਰਾਂ ਨੇ ਹੁਣ ਤੱਕ 22 ਹਜ਼ਾਰ ਤੋਂ ਵੱਧ ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਇਆ ਏ। ਇਨ੍ਹਾਂ ਤੋਂ ਇਲਾਵਾ, ਸੈਂਕੜੇ ਐਨਸੀਸੀ ਕੈਡਿਟ ਅਤੇ ਕੇਂਦਰੀ ਯੁਵਾ ਮਾਮਲਿਆਂ ਅਤੇ ਖੇਡ ਮੰਤਰਾਲੇ ਦੇ 'ਮੇਰਾ ਭਾਰਤ ਆਪਦਾ ਮਿੱਤਰ' ਵੀ ਸਥਾਨਕ ਲੋਕਾਂ ਦੀ ਮਦਦ ਕਰ ਰਹੇ ਨੇ। ਉਧਰ ਮੁਹਾਲੀ ਦੇ ਫੋਰਟਿਸ ਹਸਪਤਾਲ ਵਿੱਚ ਜ਼ੇਰੇ ਇਲਾਜ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੁੱਖ ਸਕੱਤਰ ਕੇ.ਏ.ਪੀ. ਸਿਨਹਾ, ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਅਤੇ ਹੋਰ ਸੀਨੀਅਰ ਅਧਿਕਾਰੀਆਂ ਨਾਲ ਹੜਾਂ ਸਬੰਧੀ ਸਮੀਖਿਆ ਮੀਟਿੰਗ ਕੀਤੀ। ਹੜਾਂ ਕਾਰਨ ਪੈਦਾ ਹੋਏ ਗੰਭੀਰ ਹਾਲਾਤ ‘ਤੇ ਡੂੰਘੀ ਚਿੰਤਾ ਪ੍ਰਗਟਾਉਂਦਿਆਂ ਮੁੱਖ ਮੰਤਰੀ ਨੇ ਮੁੱਖ ਸਕੱਤਰ ਨੂੰ ਨਿਰਦੇਸ਼ ਦਿੱਤੇ ਕਿ ਕੁਦਰਤੀ ਕਹਿਰ ਤੋਂ ਪ੍ਰਭਾਵਿਤ ਇੱਕ ਵੀ ਨਾਗਰਿਕ ਰਾਹਤ ਤੇ ਬੁਨਿਆਦੀ ਸਹੂਲਤਾਂ ਤੋਂ ਵਾਂਝਾ ਨਾ ਰਹੇ । ਇਸੇ

ਦੌਰਾਨ ਰਾਜ ਸਭਾ ਮੈਂਬਰ ਸੰਜੇ ਸਿੰਘ ਅਤੇ ਪੰਜਾਬ ਦੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਫਾਜ਼ਿਲਕਾ ਜ਼ਿਲੇ ਦੇ ਹੜ ਪ੍ਰਭਾਵਿਤ ਸਰਹੱਦੀ ਪਿੰਡਾਂ ਦਾ ਦੌਰਾ ਕੀਤਾ। ਦੋਵਾਂ ਆਗੂਆਂ ਨੇ ਗੁਲਾਬਾ ਭੈਣੀ ਪਿੰਡ ਵਿੱਚ ਖੁਦ ਲੋਕਾਂ ਨੂੰ ਰਾਹਤ ਸਮੱਗਰੀ ਤਕਸੀਮ ਕੀਤੀ। ਇਸ ਦੌਰਾਨ ਰਾਜ ਸਭਾ ਮੈਂਬਰ ਸੰਜੇ ਸਿੰਘ ਨੇ ਉਮੀਦ ਪ੍ਰਗਟਾਈ ਕਿ 9 ਸਤੰਬਰ ਨੂੰ ਪ੍ਰਧਾਨ ਮੰਤਰੀ ਪੰਜਾਬ ਦੌਰੇ ਦੌਰਾਨ ਹੜ ਪ੍ਰਭਾਵਿਤ ਇਲਾਕਿਆਂ ਲਈ ਵੱਡਾ ਰਾਹਤ ਪੈਕਜ ਐਲਾਨ ਕਰਕੇ ਜਾਣਗੇ। ਉਧਰ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਬਿੱਟੂ ਨੇ ਪਠਾਨਕੋਟ ਅਤੇ ਹਿਮਾਚਲ ਨੂੰ ਜੋੜਨ ਵਾਲੇ ਹੜ੍ਹਾਂ ਨਾਲ ਨੁਕਸਾਨੇ ਚੱਕੀ ਰੇਲ ਪੁਲ ਦਾ ਨਿਰੀਖਣ ਕੀਤਾ ਅਤੇ ਹੜ੍ਹ ਨਾਲ ਪੁਲ ਨੂੰ ਹੋਏ ਨੁਕਸਾਨ ਦਾ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਖੁਦ ਪੰਜਾਬ ਦੀ ਸਥਿਤੀ ਜਾਣਨ ਲਈ ਪੰਜਾਬ ਆ ਰਹੇ ਨੇ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਗੁਰਦਾਸਪੁਰ ਤੇ ਪਠਾਨਕੋਟ ਆਉਣਗੇ ਅਤੇ ਹਿਮਾਚਲ ਦਾ ਦੌਰਾ ਵੀ ਕਰਨਗੇ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਮੰਗ ਕੀਤੀ ਕਿ ਹੜ੍ਹ ਪ੍ਰਭਾਵਤ ਖੇਤਰਾਂ ਵਿਚ ਸਾਰੇ ਕਿਸਾਨਾਂ ਅਤੇ ਖੇਤ ਮਜ਼ਦੂਰਾਂ ਦੇ ਸਾਰੇ ਕਰਜ਼ੇ ਮੁਆਫ ਕੀਤੇ ਜਾਣ ਅਤੇ ਫਸਲਾਂ ਦੇ ਹੋਏ ਨੁਕਸਾਨ ਦੇ ਨਾਲ-ਨਾਲ ਘਰਾਂ, ਦੁਕਾਨਾਂ ਅਤੇ ਹੋਰ ਥਾਵਾਂ ਦੇ ਹੋਏ ਨੁਕਸਾਨ ਦਾ ਤੁਰੰਤ ਮੁਆਵਜ਼ਾ ਦਿੱਤਾ ਜਾਵੇ।

-----------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਮਿਲਣ ਲਈ ਅੱਜ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸੈਣੀ ਹਸਪਤਾਲ ਪਹੁੰਚੇ। ਉਨ੍ਹਾਂ ਪੰਦਰਾਂ ਮਿੰਟ ਤੱਕ ਰੁਕੇ ਤੇ ਮਾਨ ਦੀ ਸਿਹਤ ਬਾਰੇ ਪੁੱਛਿਆ। ਇਸ ਤੋਂ ਪਹਿਲਾਂ ਪੰਜਾਬ ਦੇ ਇੰਚਾਰਜ ਅਤੇ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਨੇ ਵੀ ਮਾਨ ਨਾਲ ਮੁਲਾਕਾਤ ਕੀਤੀ ਸੀ। ਇਸ ਤੋਂ ਇਲਾਵਾ ਪੰਜਾਬ ਸਰਕਾਰ ਦੇ ਕਈ ਮੰਤਰੀ ਵੀ ਉਨ੍ਹਾਂ ਦੀ ਹਾਲਤ ਜਾਣਨ ਲਈ ਹਸਪਤਾਲ ਪਹੁੰਚ ਰਹੇ ਨੇ। ਅੱਜ ਹੋਣ ਵਾਲੀ ਕੈਬਨਿਟ ਦੀ ਮੀਟਿੰਗ ਵਿੱਚ ਸੀਐਮ ਮਾਨ ਹਸਪਤਾਲ ਤੋਂ ਹੀ ਵੀਡੀਓ ਕਾਨਫਰੰਸਿੰਗ ਰਾਹੀਂ ਮੀਟਿੰਗ ਵਿੱਚ ਸ਼ਾਮਲ ਹੋਣਗੇ।

-----------------------------------------------------------------------------

ਪੰਜਾਬ ਪੁਲਿਸ ਦੀ ਗੈਂਗਸਟਰ ਵਿਰੋਧੀ ਟਾਸਕ ਫੋਰਸ ਨੇ ਵਿਦੇਸ਼ ਅਧਾਰਤ ਗੈਂਗਸਟਰ ਦੇ ਇੱਕ ਸਾਥੀ ਨੂੰ ਪੰਜ ਪਿਸਤੌਲਾਂ ਤੇ 10 ਕਾਰਤੂਸਾਂ ਸਮੇਤ ਗ੍ਰਿਫਤਾਰ ਕੀਤਾ ਏ । ਇਹ ਜਾਣਕਾਰੀ ਦਿੰਦਿਆਂ ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦੱਸਿਆ ਕਿ ਮੁਲਜ਼ਮ ਦੀ ਪਛਾਣ ਬਠਿੰਡਾ ਦੇ ਬਲਜਿੰਦਰ ਸਿੰਘ ਵਜੋਂ ਹੋਈ ਏ। ਉਨ੍ਹਾਂ ਦੱਸਿਆ ਕਿ ਗ੍ਰਿਫਤਾਰ ਕੀਤਾ ਗਿਆ ਵਿਅਕਤੀ ਗੋਲਡੀ ਬਰਾੜ ਗੈਂਗ ਨੂੰ ਗੈਰ-

ਕਾਨੂੰਨੀ ਹਥਿਆਰਾਂ ਦੀ ਸਪਲਾਈ ਕਰਦਾ ਸੀ। ਇਸ ਮਾਮਲੇ ਵਿੱਚ ਹੋਰ ਜਾਂਚ ਕੀਤੀ ਜਾ ਰਹੀ ਏ।

-----------------------------------------------------------------------------

ਭਾਰਤ ਨੇ ਏਸ਼ੀਆ ਕੱਪ ਪੁਰਸ਼ ਹਾਕੀ ਚੈਂਪੀਅਨਸ਼ਿਪ ਜਿੱਤ ਲਈ ਏ । ਬੀਤੀ ਸ਼ਾਮ ਬਿਹਾਰ ਦੇ ਰਾਜਗੀਰ ਵਿੱਚ ਹੋਏ ਮੁਕਾਬਲੇ ਦੇ ਫਾਈਨਲ ਵਿੱਚ, ਭਾਰਤ ਨੇ ਪਿਛਲੇ ਚੈਂਪੀਅਨ ਦੱਖਣੀ ਕੋਰੀਆ ਨੂੰ 4-1 ਨਾਲ ਹਰਾਇਆ। ਇਸ ਦੇ ਨਾਲ, ਭਾਰਤ ਨੇ ਅਗਲੇ ਸਾਲ ਨੀਦਰਲੈਂਡਜ਼ ਅਤੇ ਬੈਲਜੀਅਮ ਵਿੱਚ ਹੋਣ ਵਾਲੇ ਵਿਸ਼ਵ ਕੱਪ ਲਈ ਵੀ ਕੁਆਲੀਫਾਈ ਕਰ ਲਿਆ ਏ। ਮੈਚ ਦੌਰਾਨ ਭਾਰਤ ਨੇ ਸ਼ੁਰੂ ਤੋਂ ਹੀ ਦੱਖਣੀ ਕੋਰੀਆ 'ਤੇ ਦਬਦਬਾ ਬਣਾਈ ਰੱਖਿਆ। ਸੁਖਜੀਤ ਸਿੰਘ ਨੇ ਮੈਚ ਦੇ 29ਵੇਂ ਸਕਿੰਟ ਵਿੱਚ ਪਹਿਲਾ ਗੋਲ ਕੀਤਾ, ਉਸ ਤੋਂ ਬਾਅਦ ਦਿਲਪ੍ਰੀਤ ਸਿੰਘ ਨੇ ਦੋ ਗੋਲ ਕੀਤੇ। ਅਮਿਤ ਰੋਹਿਦਾਸ ਨੇ ਭਾਰਤ ਲਈ ਚੌਥਾ ਗੋਲ ਕੀਤਾ। ਦੱਖਣੀ ਕੋਰੀਆ ਦਾ ਇੱਕੋ ਇੱਕ ਗੋਲ ਆਖਰੀ ਕੁਆਰਟਰ ਵਿੱਚ ਕੀਤਾ ਗਿਆ।
ਭਾਰਤ ਇਸ ਟੂਰਨਾਮੈਂਟ ਦੇ ਸਾਰੇ ਮੈਚਾਂ ਵਿੱਚ ਜੇਤੂ ਰਿਹਾ। ਕਪਤਾਨ ਹਰਮਨਪ੍ਰੀਤ ਸਿੰਘ ਨੇ ਕਿਹਾ ਕਿ ਇਹ ਖਿਤਾਬੀ ਜਿੱਤ ਮੈਚ ਦਰ ਮੈਚ ਪ੍ਰਦਰਸ਼ਨ ਵਿੱਚ ਸੁਧਾਰ ਦਾ ਨਤੀਜਾ ਏ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਭਾਰਤੀ ਟੀਮ ਨੂੰ ਏਸ਼ੀਆ ਕੱਪ ਹਾਕੀ ਵਿੱਚ ਸ਼ਾਨਦਾਰ ਖਿਤਾਬ

ਜਿੱਤਣ 'ਤੇ ਵਧਾਈ ਦਿੱਤੀ ਏ। ਸ਼੍ਰੀ ਮੋਦੀ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਇਹ ਜਿੱਤ ਇਸ ਲਈ ਵੀ ਖਾਸ ਏ ਕਿਉਂਕਿ ਭਾਰਤ ਨੇ ਪਿਛਲੇ ਚੈਂਪੀਅਨ ਦੱਖਣੀ ਕੋਰੀਆ ਨੂੰ ਹਰਾਇਆ।

--------------------------------------------------------------------------